www.deshpardeshtimes.com
ਦੇਸ਼ ਪ੍ਰਦੇਸ਼ ਟਾਈਮਜ਼

# ਖਾਲਸਾ ਕਾਲਜ ਦੇ ਪੀ.ਜ਼ੀ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਆਯੋਜਿਤ 7 ਰੋਜ਼ਾ ਵਰਕਸ਼ਾਪ ਸਫ਼ਲਤਾਪੂਰਕ ਸਮਾਪਤ

ਸ੍ਰੀ ਅਨੰਦਪੁਰ ਸਾਹਿਬ 25 ਜਨਵਰੀ (ਜੋਗਿੰਦਰ ਰਾਣਾ ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪੀ.ਜੀ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਡੀ.ਬੀ.ਟੀ ਸਟਾਰ ਸਟੇਟਸ ਤਹਿਤ 'ਬਲੌਕ ਚੇਨ, ਕੰਪਿਊਟਰ ਹਾਰਡਵੇਅਰ ਐਂਡ ਨੈੱਟਵਰਕਿੰਗ' ਵਿਸ਼ੇ 'ਤੇ ਆਯੋਜਿਤ ਕੀਤੀ ਗਈ 7 ਰੋਜ਼ਾ ਵਰਕਸ਼ਾਪ ਸਫ਼ਲਤਾਪੂਰਵਕ ਸਮਾਪਤ ਹੋ ਗਈ ਹੈ।ਜ਼ਿਕਰਯੋਗ ਹੈ ਕਿ ਇਸ ਵਰਕਸ਼ਾਪ ਵਿੱਚ ਕੰਪਿਊਟਰ ਸਾਇੰਸ ਵਿਭਾਗ ਦੇ ਤਕਰੀਬਨ 250 ਵਿਦਿਆਰਥੀਆਂ ਨੇ ਭਾਗ ਲਿਆ। ਵਰਕਸ਼ਾਪ ਦੇ ਸਮਾਪਤੀ ਸਮਾਰੋਹ ਦੌਰਾਨ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਰਿਸੋਰਸ ਪਰਸਨ ਅਤੇ ਟ੍ਰੇਨਰਜ਼ ਦੀ ਵਿਦਿਆਰਥੀਆਂ ਨੂੰ ਗਿਆਨ ਭਰਪੂਰ ਜਾਣਕਾਰੀ ਦੇਣ ਲਈ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਅਕਸਰ ਹੀ ਅਜਿਹੇ ਪ੍ਰੋਗਰਾਮ ਆਯੋਜਿਤ ਕੀਤੇ ਜਾਂਦੇ ਹਨ ਜਿਨ੍ਹਾਂ ਦੁਆਰਾ ਵਿਦਿਆਰਥੀਆਂ ਨੂੰ ਨਵੀਆਂ ਤਕਨਾਲੋਜੀਆਂ ਬਾਰੇ ਜਾਣੂ ਕਰਵਾ ਕਿ ਉਨ੍ਹਾਂ ਦੇ ਤਕਨੀਕੀ ਅਤੇ ਵਿਹਾਰਿਕ ਗਿਆਨ ਵਿੱਚ ਵਾਧਾ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਹਰੇਕ ਕੰਮ ਕੰਪਿਊਟਰਾਇਜ਼ਡ ਹੋ ਚੁੱਕਿਆ ਹੈ ਜਿਸ ਕਰਕੇ ਹਰੇਕ ਵਿਅਕਤੀ ਕੋਲ ਕੰਪਿਊਟਰ ਨਾਲ ਸੰਬੰਧਿਤ ਵੱਧ ਤੋਂ ਵੱਧ ਗਿਆਨ ਹੋਣਾ ਲਾਜ਼ਮੀ ਹੈ ਇਸ ਲਈ ਉਨ੍ਹਾਂ ਵਿਭਾਗ ਨੂੰ ਵੱਧ ਤੋਂ ਵੱਧ ਅਜਿਹੇ ਪ੍ਰੋਗਰਾਮ ਕਰਵਾਉਣ 'ਤੇ ਵਿਦਿਆਰਥੀਆਂ ਨੂੰ ਵਧ ਚੜ੍ਹ ਕੇ ਉਹਨਾਂ ਵਿੱਚ ਭਾਗ ਲੈਣ ਲਈ ਪ੍ਰੇਰਿਆ।ਇਸ 7 ਰੋਜ਼ਾ ਵਰਕਸ਼ਾਪ ਦੌਰਾਨ ਰਿਸੋਰਸ ਪਰਸਨ ਸ੍ਰੀ ਪਰਮੋਦ ਕੁਮਾਰ ਯਾਦਵ (ਸੈਂਟਰ ਮੈਨੇਜਰ, ਜੈੱਟਕਿੰਗ ਕੰਪਨੀ), ਸ੍ਰੀ ਦੀਪਕ ਕੁਮਾਰ ਯਾਦਵ ਅਤੇ ਸ੍ਰੀ ਸ਼ੁਭਮ (ਟ੍ਰੇਨਰਜ਼ ਜੈੱਟਕਿੰਗ, ਚੰਡੀਗੜ੍ਹ) ਨੇ ਵਿਦਿਆਰਥੀਆਂ ਨੂੰ ਬਲੌਕ ਚੇਨ ਦੀਆਂ ਵਿਸ਼ੇਸ਼ਤਾਵਾਂ, ਐਪਲੀਕੇਸ਼ਨਾਂ ਅਤੇ ਇਸਦੇ ਇਕੋਸਿਸਟਮ ਸੰਬੰਧੀ ਬੁਨਿਆਦੀ ਜਾਣਕਾਰੀ ਦਿੱਤੀ ਅਤੇ ਨਾਲ ਹੀ ਕੰਪਿਊਟਰ ਹਾਰਡਵੇਅਰ ਦੀ ਰਿਪੇਅਰਿੰਗ ਦੇ ਢੰਗਾਂ ਤੋਂ ਜਾਣੂ ਕਰਵਾਇਆ ਕਿ ਕਿਸ ਤਰ੍ਹਾਂ ਅਸੀਂ ਆਪਣਾ ਕੰਪਿਊਟਰ ਸਿਸਟਮ ਖਰਾਬ ਹੋਣ 'ਤੇ ਬਿਨ੍ਹਾਂ ਕਿਸੇ ਟੈਕਨੀਅਸ਼ਨ ਦੀ ਮਦਦ ਖੁਦ ਉਸਦੀ ਰਿਪੇਅਰ ਕਰਕੇ ਆਪਣਾ ਡਾਟਾ ਸੁਰੱਖਿਅਤ ਰੱਖ ਸਕਦੇ ਹਾਂ।ਵਰਕਸ਼ਾਪ ਦੇ ਅਖੀਰਲੇ ਦਿਨ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਫ਼ੀਡਬੈਕ ਦੇ ਕੇ ਆਪੋ ਆਪਣੇ ਤਜ਼ੁਰਬੇ ਵੀ ਸਾਂਝੇ ਕੀਤੇ। ਇਸ ਦੌਰਾਨ ਵਿਭਾਗ ਮੁਖੀ ਡਾ.ਸੁਰੇਂਦਰ ਕੁਮਾਰ ਸ਼ਰਮਾ ਨੇ ਕਾਲਜ ਪ੍ਰਿੰਸੀਪਲ ਦੁਆਰਾ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸੰਸਾ ਕੀਤੀ ਅਤੇ ਸਮੂਹ ਕੰਪਿਊਟਰ ਸਾਇੰਸ ਵਿਭਾਗ ਦਾ ਇਸ ਵਰਕਸ਼ਾਪ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ।





ਪੰਜਾਬ ਟਾਈਮਜ਼
Leading Punjabi daily newspaper

# ਖ਼ਾਲਸਾ ਕਾਲਜ ਦੇ ਪੀ.ਜੀ ਕੰਪਿਊਟਰ ਸਾਇੰਸ ਵਿਭਾਗ ਦਾ 7 ਰੋਜ਼ਾ ਵਰਕਸ਼ਾਪ ਸਫ਼ਲਤਾਪੂਰਕ ਸਮਾਪਤ

ਪ ਪੰਜਾਬ ਟਾਈਮਜ਼ ਵਿਸ਼ੇਸ਼

ਸ੍ਰੀ ਅਨੰਦਪੁਰ ਸਾਹਿਬ, 25 ਜਨਵਰੀ (ਦਵਿੰਦਰਪਾਲ ਸਿੰਘ, ਅੰਕੁਸ਼)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪੀ.ਜੀ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਡੀ.ਬੀ.ਟੀ ਸਟਾਰ ਸਟੇਟਸ ਤਹਿਤ 'ਬਲੌਕ ਚੇਨ, ਕੰਪਿਊਟਰ ਹਾਰਡਵੇਅਰ ਐਂਡ ਨੈੱਟਵਰਕਿੰਗ' ਵਿਸ਼ੇ 'ਤੇ ਆਯੋਜਿਤ ਕੀਤੀ ਗਈ 7 ਰੋਜ਼ਾ ਵਰਕਸ਼ਾਪ ਸਫ਼ਲਤਾਪੂਰਵਕ ਸਮਾਪਤ ਹੋ ਗਈ ਹੈ।ਜ਼ਿਕਰਯੋਗ ਹੈ ਕਿ ਇਸ ਵਰਕਸ਼ਾਪ ਵਿੱਚ ਕੰਪਿਊਟਰ ਸਾਇੰਸ ਵਿਭਾਗ ਦੇ ਤਕਰੀਬਨ 250 ਵਿਦਿਆਰਥੀਆਂ ਨੇ ਭਾਗ ਲਿਆ। ਵਰਕਸ਼ਾਪ ਦੇ ਸਮਾਪਤੀ ਸਮਾਰੋਹ ਦੌਰਾਨ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਰਿਸੋਰਸ ਪਰਸਨ ਅਤੇ ਟ੍ਰੇਨਰਜ਼ ਦੀ ਵਿਦਿਆਰਥੀਆਂ ਨੂੰ ਗਿਆਨ ਭਰਪੂਰ ਜਾਣਕਾਰੀ ਦੇਣ ਲਈ ਸ਼ਲਾਘਾ ਕੀਤੀ। ਇਸ 7 ਰੋਜ਼ਾ ਵਰਕਸ਼ਾਪ ਦੌਰਾਨ ਰਿਸੋਰਸ ਪਰਸਨ ਸ੍ਰੀ ਪਰਮੋਦ ਕੁਮਾਰ ਯਾਦਵ (ਸੈਂਟਰ ਮੈਨੇਜਰ, ਜੈੱਟਕਿੰਗ ਕੰਪਨੀ), ਸ੍ਰੀ ਦੀਪਕ ਕੁਮਾਰ ਯਾਦਵ ਅਤੇ ਸ੍ਰੀ ਸ਼ੁਭਮ (ਟ੍ਰੇਨਰਜ਼ ਜੈੱਟਕਿੰਗ, ਚੰਡੀਗੜ੍ਹ) ਨੇ ਵਿਦਿਆਰਥੀਆਂ ਨੂੰ ਬਲੌਕ ਚੇਨ ਦੀਆਂ ਵਿਸ਼ੇਸ਼ਤਾਵਾਂ, ਐਪਲੀਕੇਸ਼ਨਾਂ ਅਤੇ ਇਸਦੇ ਇਕੋਸਿਸਟਮ ਸੰਬੰਧੀ ਬੁਨਿਆਦੀ ਜਾਣਕਾਰੀ ਦਿੱਤੀ ਅਤੇ ਨਾਲ ਹੀ ਕੰਪਿਊਟਰ ਹਾਰਡਵੇਅਰ ਦੀ ਰਿਪੇਅਰਿੰਗ ਦੇ ਢੰਗਾਂ ਤੋਂ ਜਾਣੂ ਕਰਵਾਇਆ ਕਿ ਕਿਸ ਤਰ੍ਹਾਂ ਅਸੀਂ ਆਪਣਾ ਕੰਪਿਊਟਰ ਸਿਸਟਮ ਖਰਾਬ ਹੋਣ 'ਤੇ ਬਿਨ੍ਹਾਂ ਕਿਸੇ ਟੈਕਨੀਅਸ਼ਨ ਦੀ ਮਦਦ ਖੁਦ ਉਸਦੀ ਰਿਪੇਅਰ ਕਰਕੇ ਆਪਣਾ ਡਾਟਾ ਸੁਰੱਖਿਅਤ ਰੱਖ ਸਕਦੇ ਹਾਂ।ਵਰਕਸ਼ਾਪ ਦੇ ਅਖੀਰਲੇ ਦਿਨ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਫ਼ੀਡਬੈਕ ਦੇ ਕੇ ਆਪੋ ਆਪਣੇ ਤਜ਼ੁਰਬੇ ਵੀ ਸਾਂਝੇ ਕੀਤੇ। ਇਸ ਦੌਰਾਨ ਵਿਭਾਗ ਮੁਖੀ ਡਾ.ਸੁਰੇਂਦਰ ਕੁਮਾਰ ਸ਼ਰਮਾ ਨੇ ਕਾਲਜ ਪ੍ਰਿੰਸੀਪਲ ਦੁਆਰਾ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸੰਸਾ ਕੀਤੀ ਅਤੇ ਸਮੂਹ ਕੰਪਿਊਟਰ ਸਾਇੰਸ ਵਿਭਾਗ ਦਾ ਇਸ ਵਰਕਸ਼ਾਪ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ।





Created with Mi Notes